ਰਾਮਕਲੀ ਮਹਲਾ ੫ ॥
raamakalee mehalaa 5 |
Raamkalee, Fifth Mehl:

ਸਿੰਚਹਿ ਦਰਬੁ ਦੇਹਿ ਦੁਖੁ ਲੋਗ ॥
sinchehi dharab dhaehi dhukh log |
You gather wealth by exploiting people.
(ਹੇ ਮੂਰਖ!) ਤੂੰ ਧਨ ਇਕੱਠਾ ਕਰੀ ਜਾਂਦਾ ਹੈਂ, (ਅਤੇ ਧਨ ਜੋੜਨ ਦੇ ਉੱਦਮ ਵਿਚ) ਲੋਕਾਂ ਨੂੰ ਦੁੱਖ ਦੇਂਦਾ ਹੈਂ ।

ਤੇਰੈ ਕਾਜਿ ਨ ਅਵਰਾ ਜੋਗ ॥
thaerai kaaj n avaraa jog |
It is of no use to you; it was meant for others.
(ਮੌਤ ਆਉਣ ਤੇ ਇਹ ਧਨ) ਤੇਰੇ ਕੰਮ ਨਹੀਂ ਆਵੇਗਾ, ਹੋਰਨਾਂ (ਦੇ ਵਰਤਣ) ਜੋਗਾ ਰਹਿ ਜਾਇਗਾ ।

ਕਰਿ ਅਹੰਕਾਰੁ ਹੋਇ ਵਰਤਹਿ ਅੰਧ ॥
kar ahankaar hoe varathehi andh |
You practice egotism, and act like a blind man.
(ਹੇ ਮੂਰਖ! ਇਸ ਧਨ ਦਾ) ਮਾਣ ਕਰ ਕੇ (ਇਸ ਧਨ ਦੇ ਨਸ਼ੇ ਵਿਚ) ਅੰਨ੍ਹਾ ਹੋ ਕੇ ਤੂੰ (ਲੋਕਾਂ ਨਾਲ) ਵਰਤਾਰਾ ਕਰਦਾ ਹੈਂ ।

ਜਮ ਕੀ ਜੇਵੜੀ ਤੂ ਆਗੈ ਬੰਧ ॥੧॥
jam kee jaevarree thoo aagai bandh |1|
In the world hereafter, you shall be tied to the leash of the Messenger of Death. ||1||
(ਜਦੋਂ) ਮੌਤ ਦੀ ਫਾਹੀ (ਤੇਰੇ ਗਲ ਵਿਚ ਪਈ, ਉਸ ਫਾਹੀ ਵਿਚ) ਬੱਝੇ ਹੋਏ ਨੂੰ ਤੈਨੂੰ ਪਰਲੋਕ ਵਿਚ (ਲੈ ਜਾਣਗੇ, ਤੇ ਧਨ ਇਥੇ ਹੀ ਰਹਿ ਜਾਇਗਾ) ।੧।

ਛਾਡਿ ਵਿਡਾਣੀ ਤਾਤਿ ਮੂੜੇ ॥
shaadd viddaanee thaath moorrae |
Give up your envy of others, you fool!
ਹੇ ਮੂਰਖ! ਦੂਜਿਆਂ ਨਾਲ ਈਰਖਾ ਕਰਨੀ ਛੱਡ ਦੇ ।

ਈਹਾ ਬਸਨਾ ਰਾਤਿ ਮੂੜੇ ॥
eehaa basanaa raath moorrae |
You only live here for a night, you fool!
ਹੇ ਮੂਰਖ! ਇਸ ਦੁਨੀਆ ਵਿਚ (ਪੰਛੀਆਂ ਵਾਂਗ) ਰਾਤ-ਮਾਤ੍ਰ ਹੀ ਵੱਸਣਾ ਹੈ ।

ਮਾਇਆ ਕੇ ਮਾਤੇ ਤੈ ਉਠਿ ਚਲਨਾ ॥
maaeiaa kae maathae thai outh chalanaa |
You are intoxicated with Maya, but you must soon arise and depart.
ਮਾਇਆ ਵਿਚ ਮਸਤ ਹੋਏ ਹੇ ਮੂਰਖ! (ਇਥੋਂ ਆਖ਼ਰ) ਉੱਠ ਕੇ ਤੂੰ ਚਲੇ ਜਾਣਾ ਹੈ।

Created By SikhiToTheMAX II

ਰਾਚਿ ਰਹਿਓ ਤੂ ਸੰਗਿ ਸੁਪਨਾ ॥੧॥ ਰਹਾਉ ॥
raach rehiou thoo sang supanaa |1| rehaao |
You are totally involved in the dream. ||1||Pause||
(ਪਰ) ਤੂੰ (ਇਸ ਜਗਤ-) ਸੁਪਨੇ ਨਾਲ ਰੁੱਝਾ ਪਿਆ ਹੈਂ ।੧।ਰਹਾਉ।

ਬਾਲ ਬਿਵਸਥਾ ਬਾਰਿਕੁ ਅੰਧ ॥
baal bivasathaa baarik andh |
In his childhood, the child is blind.
ਬਾਲ ਉਮਰੇ ਜੀਵ ਬੇ-ਸਮਝ ਬਾਲਕ ਬਣਿਆ ਰਹਿੰਦਾ ਹ

ਭਰਿ ਜੋਬਨਿ ਲਾਗਾ ਦੁਰਗੰਧ ॥
bhar joban laagaa dhuragandh |
In the fullness of youth, he is involved in foul-smelling sins.
ਭਰ-ਜਵਾਨੀ ਵੇਲੇ ਵਿਕਾਰਾਂ ਵਿਚ ਲੱਗਾ ਰਹਿੰਦਾ ਹ

ਤ੍ਰਿਤੀਅ ਬਿਵਸਥਾ ਸਿੰਚੇ ਮਾਇ ॥
thritheea bivasathaa sinchae maae |
In the third stage of life, he gathers the wealth of Maya.
(ਜਵਾਨੀ ਲੰਘ ਜਾਣ ਤੇ) ਤੀਜੀ ਉਮਰੇ ਮਾਇਆ ਜੋੜਨ ਲੱਗ ਪੈਂਦਾ ਹ

ਬਿਰਧਿ ਭਇਆ ਛੋਡਿ ਚਲਿਓ ਪਛੁਤਾਇ ॥੨॥
biradh bhaeiaa shodd chaliou pashuthaae |2|
And when he grows old, he must leave all this; he departs regretting and repenting. ||2||
(ਆਖ਼ਰ ਜਦੋਂ) ਬੁੱਢਾ ਹੋ ਜਾਂਦਾ ਹੈ ਤਾਂ ਅਫ਼ਸੋਸ ਕਰਦਾ (ਜੋੜੀ ਹੋਈ ਮਾਇਆ) ਛੱਡ ਕੇ (ਇਥੋਂ) ਤੁਰ ਪੈਂਦਾ ਹੈ ।੨।

ਚਿਰੰਕਾਲ ਪਾਈ ਦੁਲਭ ਦੇਹ ॥
chirankaal paaee dhraalabh dhaeh |
After a very long time, one obtains this precious human body, so difficult to obtain.
(ਹੇ ਭਾਈ!) ਬੜੇ ਚਿਰਾਂ ਪਿੱਛੋਂ ਜੀਵ ਨੂੰ ਇਹ ਦੁਰਲੱਭ ਮਨੁੱਖਾ ਸਰੀਰ ਮਿਲਦਾ ਹੈ।

ਨਾਮ ਬਿਹੂਨੀ ਹੋਈ ਖੇਹ ॥
naam bihoonee hoee khaeh |
Without the Naam, the Name of the Lord, it is reduced to dust.
ਪਰ ਨਾਮ ਤੋਂ ਵਾਂਜੇ ਰਹਿ ਕੇ ਇਹ ਸਰੀਰ ਮਿੱਟੀ ਹੋ ਜਾਂਦਾ ਹੈ ।

ਪਸੂ ਪਰੇਤ ਮੁਗਧ ਤੇ ਬੁਰੀ ॥
pasoo paraeth mugadh thae buree |
Worse than a beast, a demon or an idiot,
(ਨਾਮ ਤੋਂ ਬਿਨਾ, ਵਿਕਾਰਾਂ ਦੇ ਕਾਰਨ) ਮੂਰਖ ਜੀਵ ਦੀ ਇਹ ਦੇਹੀ ਪਸ਼ੂਆਂ ਤੇ ਪਰੇਤਾਂ ਨਾਲੋਂ ਭੀ ਭੈੜੀ (ਸਮਝੋ) ।

Created By SikhiToTheMAX II

ਤਿਸਹਿ ਨ ਬੂਝੈ ਜਿਨਿ ਏਹ ਸਿਰੀ ॥੩॥
thisehi n boojhai jin eaeh siree |3|
is that one who does not understand who created him. ||3||
ਜਿਸ ਪਰਮਾਤਮਾ ਨੇ (ਇਸ ਦੀ) ਇਹ ਮਨੁੱਖਾ ਦੇਹੀ ਬਣਾਈ ਉਸ ਨੂੰ ਕਦੇ ਚੇਤੇ ਨਹੀਂ ਕਰਦਾ ।੩।

ਸੁਣਿ ਕਰਤਾਰ ਗੋਵਿੰਦ ਗੋਪਾਲ ॥
sun karathaar govindh gopaal |
Listen, O Creator Lord, Lord of the Universe, Lord of the World,
ਹੇ ਨਾਨਕ! (ਆਖ—ਜੀਵ ਵਿਚਾਰੇ ਕੀਹ ਕਰਨ? ਹੇ ਕਰਤਾਰ! ਹੇ ਗੋਬਿੰਦ! ਹੋ ਗੋਪਾਲ!

ਦੀਨ ਦਇਆਲ ਸਦਾ ਕਿਰਪਾਲ ॥
dheen dhaeiaal sadhaa kirapaal |
Merciful to the meek, forever compassionate
ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਸਦਾ ਹੀ ਕਿਰਪਾ ਦੇ ਸੋਮੇ!

ਤੁਮਹਿ ਛਡਾਵਹੁ ਛੁਟਕਹਿ ਬੰਧ ॥
thumehi shaddaavahu shuttakehi bandh |
If You emancipate the human, then his bonds are broken.
ਤੂੰ ਆਪ ਹੀ ਜੀਵਾਂ ਦੇ ਮਾਇਆ ਦੇ ਬੰਧਨ ਤੋੜੇਂ ਤਾਂ ਹੀ ਟੁੱਟ ਸਕਦੇ ਹਨ ।

ਬਖਸਿ ਮਿਲਾਵਹੁ ਨਾਨਕ ਜਗ ਅੰਧ ॥੪॥੧੨॥੨੩॥
bakhas milaavahu naanak jag andh |4|12|23|
O Nanak, the people of world are blind; please, Lord, forgive them, and unite them with Yourself.
||4||12||23||
ਹੇ ਕਰਤਾਰ! (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਇਸ ਜਗਤ ਨੂੰ ਤੂੰ ਆਪ ਹੀ ਮਿਹਰ ਕਰ ਕੇ (ਆਪਣੇ ਚਰਨਾਂ ਵਿਚ) ਜੋੜੀ ਰੱਖ
।੪।੧੨।੨੩।

Created By SikhiToTheMAX II